# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 08-11-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਸਰਕਾਰ ਦੀ 'ਭ੍ਰਿਸ਼ਟਾਚਾਰ ਲਈ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ' ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖਮਤ ਕਰ ਦੇਵੇਗੀ।
- ਪੰਜਾਬ ਦੇ ਰਾਜਪਾਲ ਵਲੋਂ ਜ਼ਿਲ੍ਹਾ ਪਠਾਨਕੋਟ ਦੇ ਸਰਹੱਦੀ ਖੇਤਰ ਦਾ ਦੌਰਾ- ਪਿੰਡ ਸੁਰੱਖਿਆ ਕਮੇਟੀ ਦੇ ਮੈਂਬਰਾਂ ਨਾਲ ਕੀਤੀ ਬੈਠਕ।
- ਕੇਂਦਰੀ ਅਮਲਾ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨਰਾਂ ਬਾਰੇ ਮੰਤਰਾਲੇ ਵੱਲੋਂ ਪੰਜਾਬ ਭਰ ਵਿੱਚ ਜਲੰਧਰ ਅਤੇ ਪਟਿਆਲਾ ਸਮੇਤ ਹੋਰਨਾ ਥਾਵਾਂ ਤੇ ਬੈਂਕਾਂ ਅਤੇ ਡਾਕ ਖਾਨਿਆਂ ਵਿੱਚ ਵਿਸ਼ੇਸ਼ ਕੈਂਪਾਂ ਦਾ ਆਯੋਜਨ।

- ਪੰਜਾਬ ਦੇ ਪਸ਼ੂ ਪਾਲਣ ਮੰਤਰੀ  ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੂੰਹ-ਖੁਰ ਦੀ ਬਿਮਾਰੀ ਤੋਂ ਬਚਾਅ ਲਈ, 18 ਦਿਨਾਂ ਦੇ ਅੰਦਰ 48 ਫ਼ੀਸਦੀ ਤੋਂ ਵੱਧ ਪਸ਼ੂਆਂ ਦਾ ਟੀਕਾਕਰਨ ਕੀਤਾ ਗਿਆ

-----------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭਰੋਸਾ ਪ੍ਰਗਟਾਇਆ ਕਿ ਸਰਕਾਰ ਦੀ 'ਭ੍ਰਿਸ਼ਟਾਚਾਰ ਲਈ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ' ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖਮਤ ਕਰ ਦੇਵੇਗੀ । ਉਨ੍ਹਾਂ ਕਿਹਾ ਕਿ ਭਾਰਤੀ ਸਮਾਜ ਵਿੱਚ ਇਮਾਨਦਾਰੀ ਅਤੇ ਅਨੁਸ਼ਾਸਨ ਨੂੰ ਜੀਵਨ ਦਾ ਆਦਰਸ਼ ਮੰਨਿਆ ਜਾਂਦਾ ਏ । ਰਾਸ਼ਟਰਪਤੀ ਨਵੀਂ ਦਿੱਲੀ ਵਿੱਚ ਕੇਂਦਰੀ ਵਿਜੀਲੈਂਸ ਕਮਿਸ਼ਨ ਦੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਦੇ ਮੌਕੇ 'ਤੇ ਇੱਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ । ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਭ੍ਰਿਸ਼ਟਾਚਾਰ ਇਕ ਅਜਿਹੀ ਬੀਮਾਰੀ ਏ, ਜਿਸ ਨੂੰ ਜੜ੍ਹ ਤੋਂ ਖਤਮ ਕਰਨਾ ਜ਼ਰੂਰੀ ਏ । ਰਾਸ਼ਟਰਪਤੀ  ਨੇ ਕਿਹਾ ਕਿ ਸਰਕਾਰ ਨੇ, ਭ੍ਰਿਸ਼ਟਾਚਾਰ ਨਾਲ ਨਜਿੱਠਣ ਲਈ, ਕਈ ਪਹਿਲਕਦਮੀਆਂ ਕੀਤੀਆਂ ਨੇ । ਉਨ੍ਹਾਂ ਇਹਨਾਂ ਵਿੱਚੋਂ ਕੁਝ ਉਪਾਵਾਂ ਵਜੋਂ ਸਿੱਧਾ ਲਾਭ ਤਬਾਦਲਾ ਯੋਜਨਾ, ਈ ਮਾਰਕੀਟਪਲੇਸ, ਅਤੇ ਆਰਥਿਕ ਅਪਰਾਧੀ ਐਕਟ ਦੀ ਮਿਸਾਲ ਦਿਤੀ

। ਰਾਸ਼ਟਰਪਤੀ ਨੇ ਇਸ ਮੁਹਿੰਮ ਦੀ ਸ਼ਲਾਘਾ ਕੀਤੀ । BYTE: ਰਾਸ਼ਟਰਪਤੀ ਨੇ ਕਿਹਾ ਕਿ ਵਿਸ਼ਵਾਸ ਸਮਾਜਿਕ ਜੀਵਨ ਦੀ ਬੁਨਿਆਦ ਏ ਅਤੇ ਭ੍ਰਿਸ਼ਟਾਚਾਰ ਨਾ ਸਿਰਫ਼ ਆਰਥਿਕ ਤਰੱਕੀ ਵਿੱਚ ਰੁਕਾਵਟ ਪਾਉਂਦਾ ਏ ਸਗੋਂ ਸਮਾਜ ਵਿੱਚ ਵਿਸ਼ਵਾਸ ਨੂੰ ਵੀ ਕਮਜ਼ੋਰ ਕਰਦਾ ਏ । ਉਨ੍ਹਾਂ ਕਿਹਾ ਕਿ ਸਰਕਾਰ ਦੇ ਕਾਰਜਾਂ ਅਤੇ ਭਲਾਈ ਯੋਜਨਾਵਾਂ ਵਿੱਚ ਲੋਕਾਂ ਦਾ ਭਰੋਸਾ ਸ਼ਾਸਨ ਲਈ ਮਜ਼ਬੂਤੀ ਦਾ ਸਰੋਤ ਏ । ਇਸ ਮੌਕੇ ਬੋਲਦਿਆਂ ਕੇਂਦਰੀ ਵਿਜੀਲੈਂਸ ਕਮਿਸ਼ਨਰ ਪੀ. ਕੇ. ਸ੍ਰੀਵਾਸਤਵ ਨੇ ਕਿਹਾ ਕਿ ਸਰਕਾਰ ਦੀ ਭ੍ਰਿਸ਼ਟਾਚਾਰ ਪ੍ਰਤੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਏ । ਉਨ੍ਹਾਂ ਕਿਹਾ ਕਿ ਸ਼ਿਕਾਇਤਾਂ ਦੇ ਜਲਦੀ ਨਿਪਟਾਰੇ ਲਈ, ਕਈ ਉਪਾਅ ਕੀਤੇ ਗਏ ਨੇ । ਸ੍ਰੀਵਾਸਤਵ ਨੇ ਕਿਹਾ ਕਿ ਕੇਂਦਰੀ ਵਿਜੀਲੈਂਸ ਕਮਿਸ਼ਨ ਨੇ ਵੀ ਮੁਲਾਜ਼ਮ ਦੀ ਸਮਰੱਥਾ ਨਿਰਮਾਣ 'ਤੇ ਜ਼ੋਰ ਦਿੱਤਾ ਏ । ਉਨ੍ਹਾਂ ਕਿਹਾ ਕਿ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ 'ਤੇ ਜ਼ੋਰ ਦਿੱਤਾ ਗਿਆ ਏ ।

--------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਜ਼ਿਲ੍ਹਾ ਪਠਾਨਕੋਟ ਦੇ ਸਰਹੱਦੀ ਖੇਤਰ ਦਾ ਦੌਰਾ ਕੀਤਾ ਅਤੇ ਪਿੰਡ ਸੁਰੱਖਿਆ ਕਮੇਟੀ ਦੇ ਮੈਂਬਰਾਂ ਨਾਲ ਮੀਟਿੰਗ ਕੀਤੀ ਜ਼ਿਲ੍ਹਾ ਪਠਾਨਕੋਟ ਜੋ ਕਿ ਸਰਹੱਦੀ ਜ਼ਿਲ੍ਹਾ

ਹੋਣ ਕਾਰਨ ਸੁਰੱਖਿਆ ਦੇ ਨਜ਼ਰੀਏ ਤੋਂ ਬਹੁਤ ਮਹੱਤਵਪੂਰਨ ਏ  ਇਸੇ ਮਹੱਤਤਾ ਨੂੰ ਦੇਖਦੇ ਹੋਏ  ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸਰਹੱਦੀ ਖੇਤਰ ਬਮਿਆਲ ਦਾ ਦੌਰਾ ਕੀਤਾ।  ਇਸ ਮੌਕੇ ਉਨ੍ਹਾਂ ਸਰਹੱਦੀ ਖੇਤਰ ਦੇ ਹਾਲਾਤ ਜਾਨਣ ਲਈ ਪਿੰਡ ਰੱਖਿਆ ਕਮੇਟੀਆਂ ਨਾਲ ਮੀਟਿੰਗ ਕਰਕੇ ਲੋਕਾਂ ਦੀਆਂ ਲੋੜਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਕਈ ਨਵੀਆਂ ਜਾਣਕਾਰੀਆਂ ਵੀ ਲੋਕਾਂ ਨਾਲ ਸਾਂਝੀਆਂ ਕੀਤੀਆਂ, ਜਿਨ੍ਹਾਂ ਦੀ ਲੋਕ ਉਡੀਕ ਕਰ ਰਹੇ ਸਨ । ਸਥਾਨਕ ਲੋਕਾਂ ਵਲੋਂ ਕੰਡਿਆਲੀ ਤਾਰ ਤੋਂ ਪਾਰ ਕਿਸਾਨਾਂ ਦੀ ਕਾਫੀ ਜ਼ਮੀਨ ਤੇ ਖੇਤੀ ਕਰਨ ਸੰਬਧੀ ਆ  ਰਹੀਆਂ ਦਿੱਕਤਾਂ ਦੇ ਮੱਦੇਨਜ਼ਰ ਰਾਜਪਾਲ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਦੇ ਕਿਸਾਨਾਂ ਵੱਲੋਂ ਅਕਸਰ ਇਹ ਮੁੱਦਾ ਉਠਾਇਆ ਜਾਂਦਾ ਏ  ਕਿ ਉਨ੍ਹਾਂ ਦੀ ਜ਼ਮੀਨ ਕੰਡਿਆਲੀ ਤਾਰ ਤੋਂ ਪਾਰ ਏ , ਜਿਸ ਕਾਰਨ ਉਨ੍ਹਾਂ ਨੂੰ ਖੇਤੀ ਕਰਨ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਏ । ਇਸ ਬਾਰੇ ਰਾਜਪਾਲ ਨੇ ਕਿਹਾ BYTE ਊਨਾ ਕਿਹਾ ਕਿ ਸਨਅਤਕਾਰਾਂ ਦੀ ਰੁਚੀ ਖਤਮ ਹੋ ਗਈ ਏ  ਅਤੇ ਜੇਕਰ ਸਨਅਤਾਂ ਨੂੰ ਮੁੜ ਪੰਜਾਬ ਵਿੱਚ ਲਿਆਉਣਾ ਏ  ਤਾਂ ਇਸ ਲਈ ਸੁਖਾਲਾ ਮਾਹੌਲ ਬਣਾਉਣਾ ਪਵੇਗਾ ਕਿਉਂਕਿ ਕੋਈ ਵੀ ਸਨਅਤਕਾਰ ਡਰ ਦੇ ਸਾਏ ਹੇਠ ਉਦਯੋਗ ਸਥਾਪਤ ਨਹੀਂ ਕਰ ਸਕਦਾ।

----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬਾ ਪੱਧਰੀ ਸਮਾਗਮ ਵਿੱਚ ਸੂਬੇ ਭਰ ਦੇ 10 ਹਜ਼ਾਰ 31 ਨਵੇਂ ਚੁਣੇ ਗਏ ਸਰਪੰਚਾਂ ਨੂੰ ਸਹੁੰ ਚੁਕਾਈ। ਇਸ ਮੌਕੇ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਵੀ ਮੌਜੂਦ ਰਹੇ ਉਨ੍ਹਾਂ ਨੇ ਸਰਪੰਚਾਂ ਨੂੰ ਸੂਬੇ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਖਤਮ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਰਪੰਚਾਂ ਦੀ ਸਰਗਰਮ ਭੂਮਿਕਾ ਨਾਲ, ਪੰਜਾਬ ਨੂੰ ਜਲਦੀ ਹੀ ਨਸ਼ਾ ਮੁਕਤ ਸੂਬਾ ਬਣਾਇਆ ਜਾਵੇਗਾ। ਨਵੇਂ ਚੁਣੇ ਸਰਪੰਚਾਂ ਨੂੰ ਸੱਦਾ ਦਿੱਤਾ ਕਿ ਗ੍ਰਾਮ ਸਭਾਵਾਂ ਦੇ ਇਜਲਾਸ ਕਰਵਾਏ ਜਾਣ ਅਤੇ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ, ਹਰੇਕ ਫੈਸਲੇ ਸਾਰੇ ਲੋਕਾਂ ਦੀ ਮੌਜੂਦਗੀ ਵਿੱਚ ਲਏ ਜਾਣ। ਮੁੱਖ ਮੰਤਰੀ ਨੇ ਕਿਹਾ ਕਿ ਬਾਕੀ ਜ਼ਿਲ੍ਹਿਆਂ, ਸ੍ਰੀ ਮੁਕਤਸਰ ਸਾਹਿਬ, ਹੁਸ਼ਿਆਰਪੁਰ, ਬਰਨਾਲਾ ਤੇ ਗੁਰਦਾਸਪੁਰ ਦੇ ਨਵੇਂ ਚੁਣੇ ਸਰਪੰਚਾਂ ਅਤੇ ਸਾਰੇ 23 ਜ਼ਿਲ੍ਹਿਆਂ ਦੇ ਨਵੇਂ ਚੁਣੇ 81 ਹਜ਼ਾਰ 808 ਪੰਚਾਂ ਦਾ ਸਹੁੰ ਚੁੱਕ ਸਮਾਗਮ, ਗਿੱਦੜਬਾਹਾ, ਚੱਬੇਵਾਲ, ਬਰਨਾਲਾ ਤੇ ਡੇਰਾ ਬਾਬਾ ਨਾਨਕ ਦੀ ਜ਼ਿਮਨੀ ਚੋਣ ਤੋਂ ਬਾਅਦ ਹੋਵੇਗਾ ।

---

ਭਾਰਤ ਸਰਕਾਰ ਨੇ ਪੈਨਸ਼ਨਰਾਂ ਨੂੰ ਆਪਣੇ ਜੀਵਨ ਪ੍ਰਮਾਣ ਪੱਤਰ ਸੰਬੰਧਿਤ, ਬੈਂਕਾਂ ਜਾਂ ਡਾਕ ਖਾਨਿਆਂ ਵਿਚ ਜਮਾ ਕਰਵਾਉਣ ਨੂੰ ਸੁਖਾਲਾ

ਬਣਾਉਣ ਲਈ, ਕੇਂਦਰ ਦੇ ਅਮਲਾ, ਜਨਤਕ ਸ਼ਿਕਾਇਤਾਂ ਅਤੇ ਪੈਨਸ਼ਨਰਾਂ ਬਾਰੇ ਮੰਤਰਾਲੇ ਵੱਲੋਂ ਪਹਿਲੀ ਤੋਂ 30 ਨਵੰਬਰ ਤੱਕ, ਰਾਸ਼ਟਰ ਪੱਧਰ ਤੇ ਸ਼ੁਰੂ ਕੀਤੀ ਗਈ ਡਿਜੀਟਲ ਲਾਈਫ ਸਰਟੀਫਿਕੇਟ ਮੁਹਿੰਮ ਦੇ ਤੀਜੇ ਗੇੜ ਦਾ, ਪੈਨਸ਼ਨਰਾਂ ਵੱਲੋਂ ਭਰਪੂਰ ਲਾਭ ਲਿਆ ਜਾ ਰਿਹਾ ਏ। ਪੰਜਾਬ ਭਰ ਵਿੱਚ ਵੀ ਜਲੰਧਰ ਅਤੇ ਪਟਿਆਲਾ ਸਮੇਤ ਹੋਰਨਾ ਥਾਵਾਂ ਤੇ ਬੈਂਕਾਂ ਅਤੇ ਡਾਕ ਖਾਨਿਆਂ ਵਿੱਚ ਇਸ ਸਬੰਧੀ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਨੇ। ਅੱਜ ਪਟਿਆਲਾ ਵਿਖੇ ਲਗਾਏ ਜਾ ਰਹੇ ਕੈਂਪਾਂ ਦੀ ਨਿਗਰਾਨੀ ਲਈ, ਮੰਤਰਾਲੇ ਦੇ ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਬਾਰੇ ਵਿਭਾਗ ਦੇ ਅੰਡਰ ਸੈਕਟਰੀ ਸੁਭਾਸ਼ ਚੰਦਰ ਨੇ ਵਿਸ਼ੇਸ਼ ਤੌਰ ਤੇ ਦੌਰਾ ਕੀਤਾ ਅਤੇ ਪੈਨਸ਼ਨਰਾਂ ਨੂੰ ਡਿਜੀਟਲ ਲਾਈਵ ਸਰਟੀਫਿਕੇਟ ਲੈਣ ਦੀ ਸੁਵਿਧਾ ਬਾਰੇ ਜਾਣੂ ਕਰਵਾਇਆ। ਉਨਾਂ ਨੇ ਜ਼ਿਲੇ ਦੀਆਂ ਭਾਰਤੀ ਸਟੇਟ ਬੈਂਕ ਦੀਆਂ ਬਰਾਂਚਾਂ ਅਤੇ ਸਮਾਣਾ ਵਿਖੇ ਡਾਕਖਾਨੇ ਦਾ ਦੌਰਾ ਕੀਤਾ।ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ, ਉਹਨਾਂ ਦੱਸਿਆ ਕਿ ਇਸ ਪ੍ਰਮਾਣ ਪੱਤਰ ਨੂੰ ਜੀਵਨ ਪ੍ਰਮਾਣ ਐਪਲੀਕੇਸ਼ਨ ਰਾਹੀਂ ਆਨਲਾਈਨ ਜਮਾ ਕਰਵਾਉਣ ਲਈ, ਦੇਸ਼ ਭਰ ਵਿੱਚ ਅਜਿਹੇ ਕੈਂਪ ਲਾਏ ਜਾ ਰਹੇ ਨੇ। Byte ਇਸ ਮੌਕੇ ਆਪਣੇ ਜੀਵਨ ਪ੍ਰਮਾਣ ਪੱਤਰ ਬਣਵਾਉਣ ਆਏ ਬਜ਼ੁਰਗ ਪੈਨਸ਼ਨਰਾਂ ਨੇ ਭਾਰਤ ਸਰਕਾਰ ਦੇ ਇਸ ਉਪਰਾਲੇ ਦੀ ਬਹੁਤ ਸ਼ਲਾਗਾ ਕੀਤੀ। BYTES: ਇਸ

ਯੋਜਨਾ ਦਾ ਪਹਿਲਾ ਗੇੜ 2022 ਵਿੱਚ ਸ਼ੁਰੂ ਹੋਇਆ ਸੀ, ਇਸ ਸਾਲ ਇਸ ਮੁਹਿੰਮ ਦੀ ਸ਼ੁਰੂਆਤ ਕੇਂਦਰੀ ਰਾਜ ਮੰਤਰੀ ਡਾਕਟਰ ਜਤਿੰਦਰ ਸਿੰਘ ਵੱਲੋਂ, ਪਹਿਲੀ  ਨਵੰਬਰ ਨੂੰ ਕੀਤੀ ਗਈ ਸੀ, ਜੋ ਦੇਸ਼ ਭਰ ਦੇ 800 ਸ਼ਹਿਰਾਂ ਅਤੇ ਵੱਖ ਵੱਖ ਜ਼ਿਲਿਆਂ ਵਿੱਚ ਜਾਰੀ ਏ ।

---------------------------------------------------------------

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪਸ਼ੂਆਂ ਨੂੰ ਮੂੰਹ-ਖੁਰ ਦੀ ਬਿਮਾਰੀ ਤੋਂ ਬਚਾਉਣ ਲਈ 21 ਅਕਤੂਬਰ ਨੂੰ ਸ਼ੁਰੂ ਕੀਤੀ ਗਈ ਸੂਬਾ ਪੱਧਰੀ ਟੀਕਾਕਰਨ ਮੁਹਿੰਮ ਦੇ 18 ਦਿਨਾਂ ਦੇ ਅੰਦਰ ਹੀ, ਸੂਬੇ ਭਰ ਦੇ 48 ਫ਼ੀਸਦ ਤੋਂ ਵੱਧ ਪਸ਼ੂਆਂ ਨੂੰ ਵੈਕਸੀਨ ਲਗਾਈ ਜਾ ਚੁੱਕੀ ਏ । ਉਨ੍ਹਾਂ ਦੱਸਿਆ ਕਿ ਇਸ ਟੀਕਾਕਰਨ ਮੁਹਿੰਮ ਦੀ ਪ੍ਰਭਾਵਸ਼ੀਲਤਾ ਦਾ ਮੁਲਾਂਕਣ ਕਰਨ ਲਈ ਉੱਡਣ ਦਸਤਿਆਂ ਦੀਆਂ ਪੰਜ ਟੀਮਾਂ ਦਾ ਗਠਨ ਵੀ ਕੀਤਾ ਗਿਆ ਏ । ਹਰੇਕ ਟੀਮ ਨੂੰ ਚਾਰ ਤੋਂ ਪੰਜ ਜ਼ਿਲ੍ਹੇ ਦਿੱਤੇ ਗਏ ਨੇ । ਇਹ ਟੀਮਾਂ ਐਫ.ਐਮ.ਡੀ. ਟੀਕਾਕਰਨ ਸਬੰਧੀ ਅੰਕੜਿਆਂ ਦੀ ਚੈਕਿੰਗ ਤੇ ਤਸਦੀਕ ਕਰਨ ਦੇ ਨਾਲ ਨਾਲ ਪਸ਼ੂ ਫਾਰਮਾਂ ਦਾ ਦੌਰਾ ਕਰਨਗੀਆਂ। ਉਨ੍ਹਾਂ ਦੱਸਿਆ ਕਿ ਹੁਣ ਤੱਕ 31 ਲੱਖ 48 ਹਜ਼ਾਰ  ਤੋਂ ਵੱਧ ਪਸ਼ੂਆਂ ਨੂੰ ਪਸ਼ੂ ਪਾਲਣ ਵਿਭਾਗ ਦੀਆਂ 816 ਟੀਮਾਂ ਵੱਲੋਂ ਵੈਕਸੀਨ ਲਗਾਈ ਜਾ ਚੁੱਕੀ ਏ । ਉਨ੍ਹਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ 30 ਨਵੰਬਰ ਤੱਕ

ਸਾਰੇ ਪਸ਼ੂਆਂ ਨੂੰ ਐਫ.ਐਮ.ਡੀ. ਵੈਕਸੀਨ ਲਗਾਉਣ ਦੇ ਨਿਰਦੇਸ਼ ਵੀ ਦਿੱਤੇ। ਪਸ਼ੂ ਪਾਲਕਾਂ ਨੂੰ ਇਸ ਮੁਹਿੰਮ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕਰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਵਿਭਾਗ ਵੱਲੋਂ ਸੂਬਾ ਤੇ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਵੀ ਬਣਾਏ ਗਏ ਨੇ। ਵਿਭਾਗ ਵੱਲੋਂ ਪਸ਼ੂ ਪਾਲਕਾਂ ਦੀ ਸਹਾਇਤਾ ਲਈ ਹੈਲਪਲਾਈਨ ਨੰਬਰ 0172-508-60-64 ਵੀ ਜਾਰੀ ਕੀਤਾ ਗਿਆ ਏ। ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਦੱਸਿਆ ਕਿ ਵਿਭਾਗ ਨੇ ਇਸ ਟੀਕਾਕਰਨ ਮੁਹਿੰਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਇਕ ਕਰੋੜ 8 ਲਖ ਰੁਪਏ ਦੀ ਲਾਗਤ ਨਾਲ ਸੂਈਆਂ ਸਮੇਤ 55 ਲੱਖ 86 ਹਜ਼ਾਰ ਡਿਸਪੋਜ਼ਲ ਸਰਿੰਜਾਂ ਅਤੇ ਹੋਰ ਲੌਜਿਸਟਿਕਸ ਦੀ ਖਰੀਦ ਕੀਤੀ ਏ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸੂਬੇ ਦੇ ਸਮੁੱਚੇ ਪਸ਼ੂਧਨ ਦਾ ਟੀਕਾਕਰਨ ਮੁਫ਼ਤ ਕੀਤਾ ਜਾ ਰਿਹਾ ਏ।

---------------------------------------------------

ਚੰਡੀਗੜ੍ਹ ਸਾਇੰਸ ਕਾਂਗਰਸ ਅੱਜ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਅਕਾਦਮਿਕ ਮੈਗਾ ਈਵੈਂਟ ਖੋਜ ਸੰਵਾਦ ਨਾਲ ਸਮਾਪਤ ਹੋ ਗਈ। ਸੰਸਥਾਵਾਂ ਦੇ ਛੇ ਸ਼ਾਰਟ-ਲਿਸਟ ਕੀਤੇ ਗਏ ਨੌਜਵਾਨ ਵਿਗਿਆਨੀਆਂ ਅਤੇ ਖੋਜ ਵਿਦਵਾਨਾਂ ਨੇ ਆਪਣਾ ਖੋਜ ਕਾਰਜ ਪੇਸ਼ ਕੀਤਾ। ਪੰਜਾਬ

ਯੂਨੀਵਰਸਿਟੀ ਅਤੇ 'ਚੰਡੀਗੜ੍ਹ ਰੀਜਨ ਇਨੋਵੇਸ਼ਨ ਐਂਡ ਨਾਲੇਜ ਕਲੱਸਟਰ' ਸੰਸਥਾਵਾਂ ਦੁਆਰਾ "ਵਿਕਸਿਤ ਭਾਰਤ ਲਈ ਸਵਦੇਸ਼ੀ ਤਕਨਾਲੋਜੀ" ਦੇ ਥੀਮ 'ਤੇ ਤਿੰਨ ਦਿਨਾਂ ਚੰਡੀਗੜ੍ਹ ਸਾਇੰਸ ਕਾਂਗਰਸ ਦਾ ਆਯੋਜਨ ਕੀਤਾ ਗਿਆ । ਚੰਡੀਗੜ੍ਹ ਖੇਤਰ ਅਤੇ ਹੋਰ ਵੱਖ-ਵੱਖ ਹਿੱਸਿਆਂ ਤੋਂ ਵੱਖ-ਵੱਖ ਸੰਸਥਾਵਾਂ ਅਤੇ ਉਦਯੋਗਿਕ ਘਰਾਣਿਆਂ ਦੇ ਲਗਭਗ 1200 ਸਿੱਖਿਆ ਸ਼ਾਸਤਰੀਆਂ, ਵਿਗਿਆਨੀਆਂ ਅਤੇ ਖੋਜਕਾਰਾਂ ਨੇ ਹਿੱਸਾ ਲਿਆ ਅਤੇ ਵਿਗਿਆਨ ਵਿੱਚ ਏਕੀਕ੍ਰਿਤ ਪਹੁੰਚ ਅਪਣਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ। ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਕਈ ਉੱਘੇ ਵਿਗਿਆਨੀਆਂ ਨੇ ਵਿਗਿਆਨਕ ਸੈਸ਼ਨਾਂ ਲਈ ਭਾਗੀਦਾਰਾਂ ਨੂੰ ਆਪਣੇ-ਆਪਣੇ ਅਧਿਐਨ ਖੇਤਰਾਂ ਬਾਰੇ ਸੰਬੋਧਨ ਕੀਤਾ। ਸਾਵਿਤਰੀ-ਬਾਈ ਫੂਲੇ ਪੁਣੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੁਰੇਸ਼ ਗੋਸਾਵੀ ਨੇ ਸਮਾਪਤੀ ਭਾਸ਼ਣ ਦਿੱਤਾ । ਪੰਜਾਬ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ: ਵਾਈ.ਪੀ. ਵਰਮਾ, ਸਮੇਤ ਹੋਰਨਾਂ ਅਧਿਕਾਰੀਆਂ ਨੇ ਵੀ ਸਮਾਪਤੀ ਸੈਸ਼ਨ ਨੂੰ ਸੰਬੋਧਨ ਕੀਤਾ।

---------------------------------------------------

ਜਿਲ੍ਹਾ ਕਾਨੂੰਨੀ ਅਥਾਰਟੀ ਸ਼੍ਰੀ ਮੁਕਤਸਰ ਸਾਹਿਬ ਵੱਲੋਂ ਪੰਜਾਬ ਯੂਨੀਵਰਸਿਟੀ ਰੀਜਨਲ ਸੈਂਟਰ ਸ਼੍ਰੀ ਮੁਕਤਸਰ ਸਾਹਿਬ ਦੇ ਸਹਿਯੋਗ

ਨਾਲ ਕਾਨੂੰਨੀ ਸੇਵਾਵਾਂ ਦਿਹਾੜੇ ਬਾਰੇ ਇੱਕ ਪ੍ਰੋਗਰਾਮ ਕੀਤਾ ਗਿਆ , ਜਿਸ ਦੀ ਪ੍ਰਧਾਨਗੀ ਜਿਲਾ ਅਤੇ ਸੈਸ਼ਨਜ ਜੱਜ ਰਾਜ ਕੁਮਾਰ ਨੇ ਕੀਤੀ । ਇਸ ਮੌਕੇ ਪੰਜਾਬ ਯੂਨੀਵਰਸਿਟੀ ਰੀਜਨਲ ਸੈਂਟਰ ਵਿਖੇ ਲਾਅ ਕਰ ਰਹੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਉਹਨਾ ਨੂੰ ਕਾਨੂੰਨੀ ਸੇਵਾਵਾਂ ਦਿਹਾੜੇ ਦੀ ਮਹੱਤਤਾ ਸਬੰਧੀ ਜਾਣਕਾਰੀ ਦਿੱਤੀ ਗਈ । ਬੁਲਾਰਿਆ ਵੱਲੋਂ ਵੱਖ ਵੱਖ ਕਾਨੂੰਨਾ ਸਬੰਧੀ ਜਾਣਕਾਰੀ ਦਿੱਤੀ ਗਈ ।

---

ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਰਿਸ਼ਵਤਖੋਰੀ ਵਿਰੁੱਧ ਜਾਰੀ ਮੁਹਿੰਮ ਦੌਰਾਨ ਜਿਲਾ ਮੁਕਤਸਰ ਦੇ ਵਿਚ ਮਲੋਟ ਸੀ.ਆਈ.ਏ. ਸਟਾਫ ਦੇ ASI ਬਲਜਿੰਦਰ ਸਿੰਘ ਅਤੇ ਸੀਨੀਅਰ ਸਿਪਾਹੀ ਗੁਰਪ੍ਰੀਤ ਸਿੰਘ ਉਰਫ ਗੋਪੀ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਏ । ਇਸ ਮਾਮਲੇ ਵਿੱਚ ਸੀਨੀਅਰ ਸਿਪਾਹੀ ਗੁਰਪ੍ਰੀਤ ਸਿੰਘ ਗੋਪੀ ਨੂੰ ਗ੍ਰਿਫਤਾਰ ਕਰ ਲਿਆ ਏ ਅਤੇ ਦੂਜੇ ਮੁਲਜ਼ਮ ਦੀ ਭਾਲ ਜਾਰੀ ਏ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਪੁਲਿਸ ਮੁਲਾਜ਼ਮਾਂ ਖਿਲਾਫ ਇਹ ਮੁਕੱਦਮਾ ਪਿੰਡ ਸੇਰਾਵਾਲਾ ਦੇ ਰਹਿਣ ਵਾਲੇ ਸ਼ਿਕਾਇਤਕਰਤਾ ਬਲਵੀਰ ਸਿੰਘ ਉਰਫ ਬੀਰਾ ਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੀ ਪੜਤਾਲ ਉਪਰੰਤ ਦਰਜ ਕੀਤਾ ਗਿਆ ਏ । ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਉਸਦੇ ਖਿਲਾਫ ਨਸ਼ੀਲੀਆਂ

ਗੋਲੀਆਂ ਅਤੇ ਚਿੱਟੇ ਦੀ ਵੱਡੀ ਰਿਕਵਰੀ ਦਾ ਡਰਾਵਾ ਦੇ ਕੇ ਝੂਠਾ ਪਰਚਾ ਨਾ ਦਰਜ ਨਾ ਕਰਨ ਬਦਲੇ, ਉਸ ਪਾਸੋਂ ਢਾਈ ਲਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਅਤੇ ਬਾਅਦ ਵਿੱਚ 60 ਹਜ਼ਾਰ ਰੁਪਏ ਰਿਸ਼ਵਤ ਲੈਣ ਲਈ ਸਹਿਮਤ ਹੋ ਗਏ। ਸ਼ਿਕਾਇਤਕਰਤਾ ਨੇ ਇਸ ਮਾਮਲੇ ਵਿਚ ਰਿਕਾਰਡਿੰਗ ਵੀ ਪੇਸ਼ ਕੀਤੀ ਏ । ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਏ ।

---------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ ਅਤੇ ਔਰਤ ਤੇ ਬਾਲ ਵਿਕਾਸ ਵਿਭਾਗ ਵਲੋਂ ਜਲੰਧਰ ਦੇ HMV ਕਾਲਜ ਵਿਖੇ ਸਰਕਾਰੀ ਅਤੇ ਗੈਰ ਸਰਕਾਰੀ ਬਾਲ ਘਰਾਂ ਵਿੱਚ ਰਹਿ ਰਹੇ ਬੱਚਿਆਂ ਦੀ ਜ਼ੋਨਲ ਪੱਧਰੀ ਸਪੋਰਟਸ ਮੀਟ ਕਰਵਾਈ ਗਈ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੇ ਭਾਰਤੀ ਨੇ ਦੱਸਿਆ ਕਿ ਸਪੋਰਟਸ ਮੀਟ ਵਿੱਚ ਜਲੰਧਰ, ਕਪੂਰਥਲਾ ਅਤੇ ਗੁਰਦਾਸਪੁਰ ਦੇ ਬਾਲ ਘਰਾਂ ਦੇ ਵਿੱਚ ਰਹਿ ਰਹੇ ਬੱਚਿਆਂ ਨੇ ਹਿੱਸਾ ਲਿਆ । ਇਨ੍ਹਾਂ ਦੇ ਇੰਡੋਰ ਅਤੇ ਆਊਟ ਡੋਰ ਬੈਡਮਿੰਟਨ, ਰੱਸਾ ਕਸ਼ੀ, 100 ਮੀਟਰ ਰੇਸ, 100 ਮੀਟਰ ਰਿਲੇਅ ਰੇਸ ਤੋਂ ਇਲਾਵਾ ਪੇਂਟਿੰਗ ਤੇ ਸਲੋਗਨ ਲੇਖਨ ਮੁਕਾਬਲੇ ਕਰਵਾਏ ਗਏ । ਇਨ੍ਹਾਂ ਮੁਕਾਬਲਿਆਂ ਵਿੱਚ ਪਹਿਲੇ, ਦੂਜੇ ਅਤੇ ਤੀਜੇ ਸਥਾਨ ’ਤੇ ਰਹਿਣ ਵਾਲੇ ਬੱਚਿਆਂ ਨੂੰ ਸੋਨੇ , ਚਾਂਦੀ ਤੇ ਕਾਂਸੀ , ਦੇ ਤਮਗਿਆਂ ਨਾਲ ਸਨਮਾਨਿਤ ਕੀਤਾ ਗਿਆ ਅਤੇ

ਬਾਕੀ ਬੱਚਿਆਂ ਦੀ ਹੌਸਲਾ ਅਫਜ਼ਾਈ ਲਈ ਉਨ੍ਹਾਂ ਨੂੰ ਪ੍ਰਸ਼ੰਸਾ ਪੱਤਰ ਦਿੱਤੇ ਗਏ।